# ਪੰਜਾਬ ਸਕੂਲ ਸਿੱਖਿਆ ਬੋਰਡ

# ਪ੍ਰੈਸ ਨੋਟ

ਪੰਜਾਬ ਰਾਜ ਦੇ ਸਮੂਹ ਸਰਕਾਰੀ/ਗੈਰ-ਸਰਕਾਰੀ/ਐਫ਼ੀਲੀਏਟਿਡ ਸਕੂਲਾਂ ਦੇ ਮੁੱਖੀਆਂ, ਵਿਦਿਆਰਥੀਆਂ ਅਤੇ ਮਾਪਿਆਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਪੰਜਾਬ ਸਕੂਲ ਸਿੱਖਿਆ ਬੋਰਡ ਦੁਆਰਾ ਅਕਾਦਮਿਕ ਸਾਲ 2011-12 ਤੋਂ ਸਾਇੰਸ ਗਰੁੱਪ (ਫ਼ਿਜਿਕਸ, ਕਮਿਸਟਰੀ, ਬਾਇਓਲੋਜੀ ਅਤੇ ਗਣਿਤ ਵਿਸ਼ੇ) ਲਈ NCERT ਵੱਲੋਂ ਤਿਆਰ ਕੀਤਾ ਕੋਰ-ਕਰੀਕੁਲਮ (ਪਾਠਕ੍ਰਮ) ਲਾਗੂ ਕੀਤਾ ਜਾ ਚੁੱਕਾ ਹੈ। ਇਨ੍ਹਾਂ ਵਿਸ਼ਿਆਂ ਦੇ ਪਾਠਕ੍ਰਮ ਨਾਲ ਸਬੰਧਤ ਪਾਠ-ਪੁਸਤਕਾਂ ਪਹਿਲਾਂ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਪ੍ਰਾਈਵੇਟ ਪ੍ਰਕਾਸ਼ਕਾਂ ਦੀਆਂ ਰਿਕਮੈਂਡ ਕੀਤੀਆਂ ਜਾਂਦੀਆਂ ਸਨ। ਹੁਣ ਅਕਾਦਮਿਕ ਸਾਲ 2014-15 ਤੋਂ ਗਿਆਰ੍ਹਵੀਂ ਸ਼੍ਰੇਣੀ ਅਤੇ ਅਕਾਦਮਿਕ ਸਾਲ 2015-16 ਤੋਂ ਬਾਰ੍ਹਵੀਂ ਸ਼੍ਰੇਣੀ ਦੀਆਂ ਸਾਇੰਸ ਗਰੁੱਪ ਦੀਆਂ ਪਾਠ-ਪੁਸਤਕਾਂ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ NCERT ਤੋਂ ਅਡਾਪਟ ਕਰਕੇ ਪ੍ਰਕਾਸ਼ਿਤ ਕੀਤੀਆਂ ਜਾਣਗੀਆਂ। ਵਿਦਿਆਰਥੀਆਂ ਦੀ ਸਹੂਲਤ ਲਈ ਗਿਆਰ੍ਹਵੀਂ ਸ਼੍ਰੇਣੀ ਦੀਆਂ ਇਹ ਪਾਠ-ਪੁਸਤਕਾਂ ਪੰਜਾਬ ਸਕੂਲ ਸਿੱਖਿਆ ਬੋਰਡ ਦੇ ਸਮੂਹ ਜਿਲ੍ਹਾ ਖੇਤਰੀ ਦਫ਼ਤਰਾਂ ਵਿੱਚ ਵਾਜਿਬ ਰੇਟਾਂ ਤੇ ਉਪਲੱਬਧ ਹਨ। ਅਕਾਦਮਿਕ ਸਾਲ 2014-15 ਲਈ ਗਿਆਰ੍ਹਵੀਂ ਅਤੇ ਬਾਰ੍ਹਵੀਂ ਸ਼੍ਰੇਣੀ ਵਾਸਤੇ ਕਾਮਰਸ ਅਤੇ ਹਿਊਮੈਨਟੀਜ਼ ਗਰੁੱਪ ਦੇ ਵਿਸ਼ਿਆਂ ਲਈ ਪ੍ਰਾਈਵੇਟ ਪ੍ਰਕਾਸ਼ਕਾਂ ਦੀਆਂ ਪੁਸਤਕਾਂ ਰਿਕਮੈਂਡ ਕੀਤੀਆਂ ਜਾ ਚੁੱਕੀਆਂ ਹਨ ਜੋ ਕਿ ਬੋਰਡ ਦੀ ਵੈੱਬ ਸਾਈਟ ਤੇ ਅਪੱਲੋਡ ਹਨ।

ਅਧਿਆਪਕਾਂ ਅਤੇ ਵਿਦਿਆਰਥੀਆਂ ਦੀ ਜਾਣਕਾਰੀ ਲਈ ਦੱਸਿਆ ਜਾਂਦਾ ਹੈ ਕਿ ਵਿਦਿਆਰਥੀ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਗਿਆਰ੍ਹਵੀਂ ਸ਼੍ਰੇਣੀ ਦੇ ਪਾਠਕ੍ਰਮ ਨਾਲ ਸਬੰਧਤ ਕੋਈ ਵੀ ਪੁਸਤਕ ਪੜ੍ਹ ਸਕਦੇ ਹਨ।

ਸਕੱਤਰ